# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**19:30**

**ਮਿਤੀ : 31-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਮੋਦੀ ਨੇ ਬਿਸ਼ਕੇਕ ਵਿੱਚ ਈਰਾਨ, ਕਿਰਗਿਸਤਾਨ ਅਤੇ ਅਰਮੇਨੀਆ ਦੇ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਕੀਤੀਆਂ।

- ਭਾਰਤ ਦਾ ਕੁੱਲ ਘਰੇਲੂ ਉਤਪਾਦ (ਜੀਡੀਪੀ) ਮਾਲੀ ਸਾਲ 2026-27 ਦੀ ਪਹਿਲੀ ਤਿਮਾਹੀ ਵਿੱਚ 7.8 ਫੀਸਦੀ ਵਧਿਆ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਿਸਾਲੀ ਜੀਡੀਪੀ ਵਿਕਾਸ ਦਰ ਨੂੰ ਵੱਡੀ ਪ੍ਰਾਪਤੀ ਦੱਸਿਆ।

- ਸਰਕਾਰ ਨੇ 1.27 ਲੱਖ ਕਰੋੜ ਰੁਪਏ ਦੇ ਖਰਚ ਨਾਲ ਸੈਮੀਕੋਨ ਯੋਜਨਾ ਦੇ ਦੂਜੇ ਗੇੜ ਨੂੰ ਨੋਟੀਫਾਈ ਕੀਤਾ।

- ਸੁਪਰੀਮ ਕੋਰਟ ਨੇ ਤੇਜ਼ਾਬ ਦੀ ਪ੍ਰਚੂਨ ਵਿਕਰੀ 'ਤੇ ਪਾਬੰਦੀ ਲਾਉਣ ਬਾਰੇ ਕੇਂਦਰ ਤੋਂ ਜਵਾਬ ਮੰਗਿਆ ਏ।

- AFC ਅੰਡਰ-20 ਏਸ਼ੀਆਈ ਕੱਪ ਫੁੱਟਬਾਲ 2027 ਦੇ ਕੁਆਲੀਫਾਇਰ ਵਿੱਚ, ਅੱਜ ਭਾਰਤ ਨੇ ਸੀਰੀਆ ਨੂੰ 1-0 ਨਾਲ ਹਰਾ ਕੇ ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਿਸ਼ਕੇਕ ਵਿੱਚ SCO ਸੰਮੇਲਨ ਦੇ ਮੌਕੇ 'ਤੇ ਈਰਾਨ ਦੇ ਇਸਲਾਮੀ ਗਣਰਾਜ ਦੇ ਰਾਸ਼ਟਰਪਤੀ ਡਾ. ਮਸੂਦ ਪੇਜ਼ੇਸ਼ਕੀਆਂ ਨਾਲ ਦੁਵੱਲੀ ਮੀਟਿੰਗ ਕੀਤੀ। ਦੋਵਾਂ ਆਗੂਆਂ ਨੇ ਦੁਵੱਲੇ ਸਬੰਧਾਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਪੱਛਮੀ ਏਸ਼ੀਆ ਟਕਰਾਅ ਵਿੱਚ ਹਾਲੀਆ ਗਤੀਵਿਧੀ 'ਤੇ ਵੀ ਚਰਚਾ ਕੀਤੀ ਅਤੇ ਬਣ ਰਹੀ ਸਥਿਤੀ 'ਤੇ ਆਪਣੇ ਦ੍ਰਿਸ਼ਟੀਕੋਣ ਸਾਂਝੇ ਕੀਤੇ। ਪ੍ਰਧਾਨ ਮੰਤਰੀ ਨੇ ਖੇਤਰ ਵਿੱਚ ਤਣਾਅ ਵਧਣ 'ਤੇ ਚਿੰਤਾ ਪ੍ਰਗਟ ਕੀਤੀ ਅਤੇ ਭਾਰਤ ਦੀ ਇਸ ਸਥਿਰ ਸਥਿਤੀ ਨੂੰ ਦੁਹਰਾਇਆ ਕਿ ਸਾਰੇ ਮੁੱਦਿਆਂ ਨੂੰ ਗੱਲਬਾਤ ਅਤੇ ਕੂਟਨੀਤੀ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਏ । ਪ੍ਰਧਾਨ ਮੰਤਰੀ ਨੇ ਖੇਤਰ ਵਿੱਚ ਸਥਾਈ ਸ਼ਾਂਤੀ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ

ਨਿਰੰਤਰ ਯਤਨਾਂ ਦੀ ਜ਼ਰੂਰਤ ਨੂੰ ਵੀ ਦੁਹਰਾਇਆ। ਨੇਵੀਗੇਸ਼ਨ ਅਤੇ ਵਪਾਰ ਦੀ ਆਜ਼ਾਦੀ ਦੀ ਰਾਖੀ ਲਈ ਸੱਦਾ ਦਿੰਦੇ ਹੋਏ, ਉਨ੍ਹਾਂ ਜ਼ੋਰ ਦਿੱਤਾ ਕਿ ਵਪਾਰਕ ਜਹਾਜ਼ਰਾਨੀ ਅਤੇ ਸਮੁੰਦਰੀ ਯਾਤਰੀਆਂ ਸਮੇਤ ਨਾਗਰਿਕਾਂ ਅਤੇ ਨਾਗਰਿਕ ਬੁਨਿਆਦੀ ਢਾਂਚੇ ਨੂੰ ਕਿਸੇ ਵੀ ਹਾਲਤ ਵਿੱਚ ਨੁਕਸਾਨ ਨਹੀਂ ਪਹੁੰਚਾਇਆ ਜਾਣਾ ਚਾਹੀਦਾ।

ਬਾਅਦ ਵਿੱਚ, ਪ੍ਰਧਾਨ ਮੰਤਰੀ ਨੇ ਅੱਜ ਕਿਰਗਿਜ਼ ਗਣਰਾਜ ਦੇ ਰਾਸ਼ਟਰਪਤੀ ਸਾਦਿਰ ਜ਼ਾਪਾਰੋਵ ਨਾਲ ਵੀ ਮੁਲਾਕਾਤ ਕੀਤੀ। ਦੋਵਾਂ ਆਗੂਆਂ ਨੇ ਦੁਵੱਲੇ ਸਬੰਧਾਂ ਵਿੱਚ ਹੋਈ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਭਾਰਤ ਅਤੇ ਕਿਰਗਿਜ਼ ਗਣਰਾਜ ਵਿਚਕਾਰ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

ਇਸ ਤੋਂ ਪਹਿਲਾਂ ਦਿਨੇ, ਪ੍ਰਧਾਨ ਮੰਤਰੀ ਮੋਦੀ ਨੇ ਬਿਸ਼ਕੇਕ ਵਿੱਚ ਅਰਮੇਨੀਆ ਦੇ ਪ੍ਰਧਾਨ ਮੰਤਰੀ ਨਿਕੋਲ ਪਸ਼ੀਨਯਾਨ ਨਾਲ ਮੁਲਾਕਾਤ ਕੀਤੀ। ਦੋਵਾਂ ਨੇਤਾਵਾਂ ਨੇ ਰੱਖਿਆ, ਆਰਥਿਕ, ਫਾਰਮਾ, ਵਿਗਿਆਨ ਅਤੇ ਤਕਨਾਲੋਜੀ, ਸੱਭਿਆਚਾਰ ਅਤੇ ਸਿੱਖਿਆ ਸਮੇਤ ਵੱਖ-ਵੱਖ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਪੱਛਮੀ ਏਸ਼ੀਆ ਦੀ ਸਥਿਤੀ ਸਮੇਤ ਖੇਤਰੀ ਅਤੇ ਵਿਸ਼ਵਵਿਆਪੀ ਗਤੀਵਿਧੀਆਂ 'ਤੇ ਵੀ ਵਿਚਾਰ – ਵਟਾਂਦਰਾ ਕੀਤਾ। ਪ੍ਰਧਾਨ ਮੰਤਰੀ ਕਿਰਗਿਸਤਾਨ ਦੇ ਦੋ ਦਿਨਾਂ ਦੌਰੇ 'ਤੇ ਨੇ। ਕੱਲ੍ਹ, ਉਹ

ਸ਼ੰਘਾਈ ਸਹਿਯੋਗ ਸੰਗਠਨ ਦੇ 26ਵੇਂ ਸਿਖਰ ਸੰਮੇਲਨ ਨੂੰ ਸੰਬੋਧਨ ਕਰਨਗੇ।

--------------------------------------------------

ਭਾਰਤ ਦਾ ਅਸਲ ਕੁੱਲ ਘਰੇਲੂ ਉਤਪਾਦ (ਜੀਡੀਪੀ) ਮਾਲੀ ਸਾਲ 2026-27 ਦੀ ਪਹਿਲੀ ਤਿਮਾਹੀ ਵਿੱਚ 7.8 ਫੀਸਦੀ ਵਧਿਆ, ਜਦੋਂ ਕਿ ਪਿਛਲੇ ਮਾਲੀ ਸਾਲ ਦੀ ਇਸੇ ਮਿਆਦ ਵਿੱਚ ਇਹ 6.9 ਫੀਸਦੀ ਸੀ। ਵਿਸ਼ਵਵਿਆਪੀ ਆਰਥਿਕ ਚੁਣੌਤੀਆਂ ਦੇ ਬਾਵਜੂਦ, ਭਾਰਤੀ ਆਰਥਿਕਤਾ ਲਗਾਤਾਰ ਵਧ ਰਹੀ ਏ।

--------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਾਲੀ ਸਾਲ 2026-27 ਦੀ ਪਹਿਲੀ ਤਿਮਾਹੀ ਵਿੱਚ ਭਾਰਤ ਦੀ 7.8 ਫੀਸਦੀ ਦੀ ਮਿਸਾਲੀ ਜੀਡੀਪੀ ਵਿਕਾਸ ਦਰ ਨੂੰ ਇੱਕ ਬਹੁਤ ਵੱਡੀ ਪ੍ਰਾਪਤੀ ਦੱਸਿਆ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਪ੍ਰਾਪਤੀ ਤੇਲ ਦੀਆਂ ਕੀਮਤਾਂ ਦੇ ਉਤਾਰ ਚੜ੍ਹਾਅ, ਸਪਲਾਈ ਲੜੀ ਵਿੱਚ ਵਿਘਨ ਅਤੇ ਵਿਸ਼ਵਵਿਆਪੀ ਅਨਿਸ਼ਚਿਤਤਾਵਾਂ ਦੇ ਬਾਵਜੂਦ ਦੇਸ਼ ਦੇ ਲੋਕਾਂ ਦੀ ਸਮੂਹਿਕ ਤਾਕਤ ਅਤੇ ਲਚਕੀਲੇਪਣ ਨੂੰ ਦਰਸਾਉਂਦੀ ਏ । ਇਸ ਦੌਰਾਨ, ਕੇਂਦਰੀ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਇਸ

ਮਜ਼ਬੂਤ ਕਾਰਗੁਜ਼ਾਰੀ ਦਾ ਸਿਹਰਾ ਦੇਸ਼ ਦੇ ਲੋਕਾਂ ਅਤੇ ਉਨ੍ਹਾਂ ਦੀ ਸਖ਼ਤ ਮਿਹਨਤ ਸਿਰ ਏ। ਖਜ਼ਾਨਾ ਮੰਤਰੀ ਨੇ ਕਿਹਾ ਕਿ ਐਨਡੀਏ ਸਰਕਾਰ ਵਲੋਂ ਕੀਤੇ ਗਏ ਸੁਧਾਰ, ਆਰਥਿਕਤਾ ਦੇ ਚੁਸਤ ਪ੍ਰਬੰਧਨ ਦੇ ਨਾਲ, ਨਤੀਜੇ ਦੇ ਰਹੇ ਨੇ. ਉਨ੍ਹਾਂ ਅੱਗੇ ਕਿਹਾ ਕਿ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਸਾਰੇ ਨਾਗਰਿਕਾਂ ਲਈ ਆਰਥਿਕ ਮੌਕਿਆਂ ਨੂੰ ਹੋਰ ਵਧਾਉਣ ਲਈ ਵਚਨਬੱਧ ਏ।

---------------------------------------------------------

ਸਰਕਾਰ ਨੇ ਦੇਸ਼ ਵਿੱਚ ਚਿੱਪ ਨਿਰਮਾਣ ਈਕੋਸਿਸਟਮ ਨੂੰ ਹੁਲਾਰਾ ਦੇਣ ਲਈ 1.27 ਲੱਖ ਕਰੋੜ ਰੁਪਏ ਦੇ ਖਰਚ ਨਾਲ ਸੈਮੀਕੋਨ ਸਕੀਮ ਦੇ ਦੂਜੇ ਪੜਾਅ ਨੂੰ ਨੋਟੀਫਾਈ ਕੀਤਾ ਏ। ਇਸ ਨਾਲ, ਭਾਰਤ ਆਉਣ ਵਾਲੇ ਸਾਲਾਂ ਵਿੱਚ ਆਲਮੀ ਸੈਮੀਕੰਡਕਟਰ ਸਨਅਤ ਬਾਜ਼ਾਰ ਦਾ ਕਰੀਬ 10 ਫੀਸਦੀ ਹਿੱਸਾ ਹਾਸਿਲ ਕਰ ਸਕਦਾ ਏ । ਇਸ ਦੇ ਆਲਮੀ ਸੈਮੀਕੰਡਕਟਰ ਮੁੱਲ ਲੜੀ ਵਿੱਚ ਇੱਕ ਵੱਡੀ ਭੂਮਿਕਾ ਨਿਭਾਉਣ ਦੀ ਉਮੀਦ ਏ । ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਨਵੀਂ ਦਿੱਲੀ ਵਿੱਚ ਕਿਹਾ ਕਿ ਦੇਸ਼ ਨੇ 10 ਸਾਲਾਂ ਦੇ ਟੀਚੇ ਦੇ ਮੁਕਾਬਲੇ ਚਾਰ ਸਾਲਾਂ ਵਿੱਚ 85, ਹਜ਼ਾਰ ਸੈਮੀਕੰਡਕਟਰ ਇੰਜੀਨੀਅਰਾਂ ਨੂੰ ਸਿਖਲਾਈ ਦੇਣ ਦਾ ਟੀਚਾ ਪ੍ਰਾਪਤ ਕਰ ਲਿਆ ਏ. ਇੱਕ ਲਖ ਹੋਰ ਇੰਜੀਨੀਅਰਾਂ ਨੂੰ ਸਿਖਲਾਈ ਦੇਣ ਦਾ ਇੱਕ ਨਵਾਂ ਟੀਚਾ ਤੈਅ ਕੀਤਾ ਗਿਆ ਏ । ਕੇਂਦਰੀ ਮੰਤਰੀ ਨੇ ਕਿਹਾ ਕਿ

ਸਰਕਾਰ ਦਾ ਧਿਆਨ ਵੈਫਰ ਫੈਬਰੀਕੇਸ਼ਨ ਤੋਂ ਲੈ ਕੇ ਚਿੱਪ ਉਤਪਾਦਨ ਤੱਕ, ਆਲਮੀ ਸੈਮੀਕੰਡਕਟਰ ਮੁੱਲ ਲੜੀ ਵਿੱਚ ਦੇਸ਼ ਨੂੰ ਮਜ਼ਬੂਤੀ ਨਾਲ ਕਾਇਮ ਕਰਨ 'ਤੇ ਏ -

**BYTE - VAISHNAW 2.0**

ਸ਼੍ਰੀ ਵੈਸ਼ਨਵ ਨੇ ਕਿਹਾ ਕਿ ਆਲਮੀ ਸੈਮੀਕੰਡਕਟਰ ਸਨਅਤ ਦੇ ਹਿੱਸੇਦਾਰਾਂ ਨੂੰ ਵਿਸ਼ਵਾਸ ਏ ਕਿ ਆਉਣ ਵਾਲੇ ਦਹਾਕਿਆਂ ਵਿੱਚ ਭਾਰਤ ਵੱਡੇ ਨਿਵੇਸ਼ਾਂ ਲਈ ਇੱਕ ਢੁਕਵਾਂ ਸਥਾਨ ਏ । ਸ਼੍ਰੀ ਵੈਸ਼ਨਵ ਨੇ ਕਿਹਾ ਕਿ ਦੇਸ਼ ਦੇ ਪ੍ਰਤਿਭਾ ਪੂਲ, ਨੀਤੀ ਸਥਿਰਤਾ ਅਤੇ ਕੰਮ ਕਰਨ ਦੀ ਸੌਖ ਨੇ ਭਾਰਤ ਨੂੰ ਸੈਮੀਕੰਡਕਟਰ ਨਿਰਮਾਣ ਅਤੇ ਡਿਜ਼ਾਈਨ ਲਈ ਇੱਕ ਅਧਾਰ ਬਣਨ ਵਿੱਚ ਯੋਗਦਾਨ ਪਾਇਆ ਏ।

ਉਨ੍ਹਾਂ ਕਿਹਾ ਕਿ ਦੇਸ਼ ਦਾ ਉਦੇਸ਼ ਆਲਮੀ ਸੈਮੀਕੰਡਕਟਰ ਸਪਲਾਈ ਲੜੀ ਦਾ ਇੱਕ ਜ਼ਰੂਰੀ ਹਿੱਸਾ ਬਣਨਾ ਏ, ਤੇ ਆਲਮੀ ਸਨਅਤ ਉਤਪਾਦਨ ਅਤੇ ਡਿਜ਼ਾਈਨ ਲਈ ਭਾਰਤ 'ਤੇ ਵੱਧ ਤੋਂ ਵੱਧ ਨਿਰਭਰ ਕਰ ਰਹੇ ਨੇ।

ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੇ ਕਿਹਾ ਕਿ ਇਹ ਯੋਜਨਾ ਪਹਿਲਾਂ ਦੇ ਸੈਮੀਕੋਨ ਇੰਡੀਆ ਪ੍ਰੋਗਰਾਮ ਦੇ ਵਿਕਾਸ 'ਤੇ ਆਧਾਰਿਤ ਏ।

--------------------------------------------------

ਸੁਪਰੀਮ ਕੋਰਟ ਨੇ ਅੱਜ ਕੇਂਦਰ ਸਰਕਾਰ ਤੋਂ ਜਵਾਬ ਮੰਗਿਆ ਏ ਕਿ ਕੀ ਤੇਜ਼ਾਬ ਦੀ ਪ੍ਰਚੂਨ ਵਿਕਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਈ ਜਾਣੀ ਚਾਹੀਦੀ ਏ ਜਾਂ ਹੋਰ ਸਖ਼ਤ ਨੇਮਾਂ ਦੇ ਅਧੀਨ ਹੋਣਾ ਚਾਹੀਦਾ ਏ । ਅਦਾਲਤ ਨੇ ਇਹ ਨਿਰਦੇਸ਼ ਤੇਜ਼ਾਬ ਦੀ ਆਸਾਨੀ ਨਾਲ ਉਪਲਬਧਤਾ ਬਾਰੇ ਚਿੰਤਾਵਾਂ ਦੇ ਦਰਮਿਆਨ ਜਾਰੀ ਕੀਤਾ ਏ. 2013 ਵਿੱਚ, ਤੇਜ਼ਾਬ ਦੀ ਪ੍ਰਚੂਨ ਵਿਕਰੀ ਨੂੰ ਨੇਮਬਧ ਕਰਨ ਲਈ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ ਗਏ ਸਨ। ਅਦਾਲਤ ਨੇ ਕੇਂਦਰ ਸਰਕਾਰ, ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਛੇ ਹਫ਼ਤਿਆਂ ਦੇ ਅੰਦਰ ਤੇਜ਼ਾਬ ਹਮਲੇ ਦੇ ਪੀੜਤਾਂ ਦੇ ਮੁੜ੍ਹਵਸੇਬੇ ਲਈ ਢੁਕਵੇਂ ਉਪਾਅ ਵਿਕਸਿਤ ਕਰਨ ਦੇ ਨਿਰਦੇਸ਼ ਦਿੱਤੇ। ਅਦਾਲਤ ਨੇ ਕੇਂਦਰ ਸਰਕਾਰ ਨੂੰ ਇੱਕ ਆਦਰਸ਼ ਮੁੜ੍ਹ ਵਸੇਬਾ ਯੋਜਨਾ ਵਿਕਸਿਤ ਕਰਨ ਅਤੇ ਇਸਦੇ ਪ੍ਰਭਾਵਸ਼ਾਲੀ ਲਾਗੂ ਕਰਨ ਲਈ ਰਾਜਾਂ ਨੂੰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ 'ਤੇ ਵਿਚਾਰ ਕਰਨ ਲਈ ਕਿਹਾ ।

--------------------------------------------------

ਕੇਂਦਰੀ ਰਾਜ ਮੰਤਰੀ (ਸੁਤੰਤਰ ਚਾਰਜ), ਵਿਗਿਆਨ ਅਤੇ ਤਕਨਾਲੋਜੀ ਮੰਤਰਾਲਾ ਅਤੇ ਧਰਤੀ ਵਿਗਿਆਨ ਮੰਤਰਾਲਾ, ਡਾ. ਜਿਤੇਂਦਰ ਸਿੰਘ ਨੇ ਕਿਹਾ ਏ ਕਿ ਅਤਿ – ਆਧੁਨਿਕ ਖੇਤੀਬਾੜੀ ਖੋਜ ਲਈ ਰੌਸ਼ਨੀ, ਨਮੀ ਅਤੇ ਤਾਪਮਾਨ ਦੀਆਂ ਸਹੀ ਢੰਗ ਨਾਲ ਨਿਯੰਤਰਿਤ ਚੁਗਿਰਦਾ

ਸਥਿਤੀਆਂ ਨੂੰ ਮੁੜ ਬਣਾਉਣ ਲਈ ਚੁਗਿਰਦੇ ਪਖੀ ਸੁਖਾਵੇਂ ਹੱਲ - ਗ੍ਰੀਨ ਫੋਰਜ - ਬਣਾਉਣ ਵਿੱਚ ਬੇਹਦ ਸੰਭਾਵਨਾਵਾਂ ਨੇ । ਉਨ੍ਹਾਂ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਨਾਲ ਗ੍ਰੀਨ ਫੋਰਜ ਦਾ ਏਕੀਕਰਨ ਖੇਤੀਬਾੜੀ ਅਤੇ ਸਹਾਇਕ ਵਿਗਿਆਨਾਂ ਵਿੱਚ ਨਵੀਨਤਾ ਨੂੰ ਹੋਰ ਤੇਜ਼ ਕਰ ਸਕਦਾ ਏ।

ਅੱਜ ਪੰਜਾਬ ਦੇ ਮੋਹਾਲੀ ਵਿਖੇ ਬਾਇਓਟੈਕਨਾਲੋਜੀ ਰਿਸਰਚ ਐਂਡ ਇਨੋਵੇਸ਼ਨ ਕੌਂਸਲ-ਨੈਸ਼ਨਲ ਐਗਰੀ-ਫੂਡ ਬਾਇਓਟੈਕਨਾਲੋਜੀ ਇੰਸਟੀਚਿਊਟ (BRIC-NABI) ਵਿਖੇ “ਬਾਇਓ ਈ-3 (ਆਰਥਿਕਤਾ, ਚੁਗਿਰਦਾ ਅਤੇ ਰੁਜ਼ਗਾਰ ਲਈ ਬਾਇਓਟੈਕਨਾਲੋਜੀ): ਸਨਅਤ ਲਈ - ਤਿਆਰ ਬਾਇਓ ਮੈਨੂਫੈਕਚਰਿੰਗ ਲਈ ਸਮਰਥਾ ਨਿਰਮਾਣ” ਵਿਸ਼ੇ 'ਤੇ ਇੱਕ ਰਾਸ਼ਟਰੀ ਸੰਮੇਲਨ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਨੇ ਸੰਸਥਾਵਾਂ ਨੂੰ ਰਾਸ਼ਟਰੀ ਸੰਮੇਲਨ ਦੀ ਮੇਜ਼ਬਾਨੀ ਕਰਨ ਲਈ ਵਧਾਈ ਦਿੱਤੀ ਅਤੇ ਭਰੋਸਾ ਪ੍ਰਗਟਾਇਆ ਕਿ ਸੰਸਥਾ ਭਾਰਤ ਦੀ ਬਾਇਓ ਟੈਕਨਾਲੋਜੀ ਕ੍ਰਾਂਤੀ ਦੇ ਇੱਕ ਰਹਿਨੁਮਾ ਵਜੋਂ ਉਭਰੇਗੀ। ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਡਾ. ਸਿੰਘ ਨੇ ਖੇਤਰ ਦੇ ਪ੍ਰਮੁੱਖ ਸੰਸਥਾਨਾਂ, ਜਿਨ੍ਹਾਂ ਵਿੱਚ BRIC-NABI, PG-IMER, ਪੰਜਾਬ ਯੂਨੀਵਰਸਿਟੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਕੁਝ ਹੋਰ ਸੰਸਥਾਵਾਂ ਸ਼ਾਮਿਲ ਨੇ, ਨੂੰ ਜੋੜ੍ਹ ਕੇ 'ਚੰਡੀਗੜ੍ਹ-ਮੁਹਾਲੀ ਵਿਗਿਆਨ ਅਤੇ ਨਵੀਨਤਾ ਕਲੱਸਟਰ' ਦੇ ਵਿਕਾਸ ਦੀ ਤਜਵੀਜ਼ ਰਖੀ. ਉਨ੍ਹਾਂ ਕਿਹਾ ਕਿ ਅਜਿਹਾ ਕਲੱਸਟਰ ਮੁਹਾਰਤ ਅਤੇ ਬੁਨਿਆਦੀ ਢਾਂਚੇ ਨੂੰ ਸਾਂਝਾ ਕਰਨ, ਸਾਂਝੀ ਖੋਜ ਨੂੰ

ਉਤਸ਼ਾਹਿਤ ਕਰਨ ਅਤੇ ਖੇਤਰ ਦੇ ਬਾਇਓ ਟੈਕਨਾਲੋਜੀ ਅਤੇ ਨਵੀਨਤਾ ਸਿਲਸਿਲੇ ਨੂੰ ਮਜ਼ਬੂਤ ਕਰਨ ਵਿੱਚ ਸਹਾਇਤਾ ਕਰ ਸਕਦਾ ਏ।

-------------------------------------------------------

ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਅੱਜ ਕਿਹਾ ਏ ਕਿ ਭਾਰਤ ਅਤੇ ਕਤਰ ਇੱਕ ਨਿੱਘੀ ਅਤੇ ਸਥਾਈ ਭਾਈਵਾਲੀ ਸਾਂਝੀ ਕਰਦੇ ਨੇ, ਜਿਸ ਵਿੱਚ ਊਰਜਾ ਸਹਿਯੋਗ ਇਸਦੇ ਮੁੱਖ ਥੰਮ੍ਹਾਂ ਵਿੱਚੋਂ ਇੱਕ ਏ । ਮੰਤਰੀ ਨੇ ਕਤਰ ਵਿੱਚ ਭਾਰਤ ਦੇ ਨਵੇਂ - ਨਿਯੁਕਤ ਰਾਜਦੂਤ ਡਾ. ਕੇ. ਸ਼੍ਰੀਕਰ ਰੈਡੀ ਨਾਲ ਮੁਲਾਕਾਤ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਪੁਰੀ ਨੇ Petronet LNG ਅਤੇ ਕਤਰ ਐਨਰਜੀ ਵਿਚਕਾਰ 20 ਸਾਲਾਂ ਦੇ ਐਲਐਨਜੀ ਸਮਝੌਤੇ ਨੂੰ ਉਜਾਗਰ ਕੀਤਾ ਜਿਸਨੇ 2028 ਤੋਂ 2048 ਤੱਕ ਸਾਲਾਨਾ 75 ਲਖ ਟਨ ਤੋਂ ਵੱਧ ਐਲ ਐਨ ਜੀ ਸੁਰੱਖਿਅਤ ਕੀਤਾ।

-------------------------------------------------------

ਓਲੰਪੀਅਨ ਸੀ.ਏ. ਭਵਾਨੀ ਦੇਵੀ ਜਾਪਾਨ ਵਿੱਚ ਹੋਣ ਵਾਲੀਆਂ ਏਸ਼ੀਆਈ ਖੇਡਾਂ ਲਈ ਭਾਰਤ ਦੀ 20-ਮੈਂਬਰੀ ਫੈਂਸਿੰਗ ਤਲਵਾਰਬਾਜ਼ੀ ਟੀਮ ਦੀ ਅਗਵਾਈ ਕਰਨਗੇ। ਭਾਰਤੀ ਤਲਵਾਰਬਾਜ਼ੀ ਐਸੋਸੀਏਸ਼ਨ, FAI ਨੇ ਕੱਲ੍ਹ ਇਸ ਟੀਮ ਦਾ ਐਲਾਨ ਕੀਤਾ. 20ਵੀਆਂ ਏਸ਼ੀਆਈ ਖੇਡਾਂ

ਇਸ ਸਾਲ 19 ਸਤੰਬਰ ਤੋਂ 4 ਅਕਤੂਬਰ ਤੱਕ ਜਾਪਾਨ ਦੇ Aichi-Nagoya ਵਿਖੇ ਹੋਣਗੀਆਂ।

---------------------------------------------------

ਭਾਰਤ ਦੇ ਟੇਬਲ ਟੈਨਿਸ ਖਿਡਾਰੀ, ਅੰਕੁਰ ਭੱਟਾਚਾਰਜੀ ਨੇ WTT Feeder Olomouc ਟੂਰਨਾਮੈਂਟ ਵਿੱਚ ਆਪਣਾ ਪਹਿਲਾ WTT ਸਿੰਗਲਜ਼ ਖਿਤਾਬ ਜਿੱਤ ਲਿਆ ਏ। ਅੰਕੁਰ ਨੇ ਹਮਵਤਨ ਆਕਾਸ਼ ਪਾਲ ਨਾਲ ਮਰਦਾਂ ਦੇ ਡਬਲਜ਼ ਮੁਕਾਬਲੇ ਵਿੱਚ ਵੀ ਸੋਨੇ ਦਾ ਤਮਗਾ ਜਿੱਤਿਆ ਏ।

---------------------------------------------------

AFC ਅੰਡਰ-20 ਏਸ਼ੀਆਈ ਕੱਪ ਫੁੱਟਬਾਲ 2027 ਦੇ ਕੁਆਲੀਫਾਇਰ ਵਿੱਚ, ਅੱਜ ਤਾਸ਼ਕੰਦ ਵਿੱਚ, ਭਾਰਤ ਨੇ ਸੀਰੀਆ ਨੂੰ 1-0 ਨਾਲ ਹਰਾ ਕੇ, ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ।

ਭਾਰਤ ਦਾ ਅਗਲਾ ਮੁਕਾਬਲਾ ਵੀਰਵਾਰ ਨੂੰ ਮੇਜ਼ਬਾਨ ਉਜ਼ਬੇਕਿਸਤਾਨ ਨਾਲ ਹੋਵੇਗਾ।

---------------------------------------------------

- ਪ੍ਰਧਾਨ ਮੰਤਰੀ ਮੋਦੀ ਨੇ ਬਿਸ਼ਕੇਕ ਵਿੱਚ ਈਰਾਨ, ਕਿਰਗਿਸਤਾਨ ਅਤੇ ਅਰਮੇਨੀਆ ਦੇ ਨੇਤਾਵਾਂ ਨਾਲ ਦੁਵੱਲੀਆਂ ਮੀਟਿੰਗਾਂ ਕੀਤੀਆਂ।

- ਭਾਰਤ ਦਾ ਕੁੱਲ ਘਰੇਲੂ ਉਤਪਾਦ (ਜੀਡੀਪੀ) ਮਾਲੀ ਸਾਲ 2026-27 ਦੀ ਪਹਿਲੀ ਤਿਮਾਹੀ ਵਿੱਚ 7.8 ਫੀਸਦੀ ਵਧਿਆ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਿਸਾਲੀ ਜੀਡੀਪੀ ਵਿਕਾਸ ਦਰ ਨੂੰ ਵੱਡੀ ਪ੍ਰਾਪਤੀ ਦੱਸਿਆ।

- ਸਰਕਾਰ ਨੇ 1.27 ਲੱਖ ਕਰੋੜ ਰੁਪਏ ਦੇ ਖਰਚ ਨਾਲ ਸੈਮੀਕੋਨ ਯੋਜਨਾ ਦੇ ਦੂਜੇ ਗੇੜ੍ਹ ਨੂੰ ਨੋਟੀਫਾਈ ਕੀਤਾ।

- ਸੁਪਰੀਮ ਕੋਰਟ ਨੇ ਤੇਜ਼ਾਬ ਦੀ ਪ੍ਰਚੂਨ ਵਿਕਰੀ 'ਤੇ ਪਾਬੰਦੀ ਲਾਉਣ ਬਾਰੇ ਕੇਂਦਰ ਤੋਂ ਜਵਾਬ ਮੰਗਿਆ ਏ।

- AFC ਅੰਡਰ-20 ਏਸ਼ੀਆਈ ਕੱਪ ਫੁੱਟਬਾਲ 2027 ਦੇ ਕੁਆਲੀਫਾਇਰ ਵਿੱਚ, ਅੱਜ ਭਾਰਤ ਨੇ ਸੀਰੀਆ ਨੂੰ 1-0 ਨਾਲ ਹਰਾ ਕੇ ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ. ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸਵੇਰੇ ਸਾਢੇ 8 ਵਜੇ ਹੋਵੇਗਾ. ਨਮਸਕਾਰ!**